VIGILANCE BUREAU, PUNJAB

# VIGILANCE NABS PSPCL JE FOR TAKING BRIBE

Chandigarh, March 11:

Punjab Vigilance Bureau today nabbed an Assistant Junior Engineer (JE) of PSPCL red handed while accepting bribe of Rs. 20,000.

Disclosing this an official spokesperson of the state Vigilance Bureau said Jaspal Singh Assistant JE posted at PSPCL Sub-division Cheema, Sangur district has been arrested on the complaint of Malkiat Singh of Village Bhatlan, Barnala district.

The complaint has approached the VB and alleged that the above said JE was demanding Rs.50,000 for installing a new electric transformer near the house of his sister at village Satouj.

After verifying his information, a Vigilance team laid a trap and the accused Assistant JE arrested on the spot while accepting bribe of Rs. 20,000 as a first installment from the complainant in the presence of two official witnesses.

He informed that a case under Prevention of Corruption Act has been registered against the accused at VB police station Patiala and further investigation was under progress.

--------------

ਵਿਜੀਲੈਂਸ ਬਿਓਰੋ ਪੰਜਾਬ

# ਵਿਜੀਲੈਂਸ ਵਲੋਂ ਪੀ.ਐਸ.ਪੀ.ਸੀ.ਐਲ ਦਾ ਸਹਾਇਕ ਜੇ.ਈ 20,000 ਰੁਪਏ ਰਿਸ਼ਵਤ ਲੈਂਦਾ ਕਾਬੂ

ਚੰਡੀਗੜ , 11 ਮਾਰਚ:

ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਅੱਜ ਪੀ.ਐਸ.ਪੀ.ਸੀ.ਐਲ ਸਬ-ਡਵੀਜ਼ਨ ਚੀਮਾ, ਜਿਲਾ ਸੰਗਰੂਰ ਵਿਖੇ ਤਾਇਨਾਤ ਸਹਾਇਕ ਜੇ. ਈ. ਜਸਪਾਲ ਸਿੰਘ ਨੂੰ 20,000 ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਸਹਾਇਕ ਜੇ.ਈ ਨੂੰ ਮਲਕੀਤ ਸਿੰਘ, ਵਾਸੀ ਪਿੰਡ ਭੱਠਲਾਂ, ਜਿਲਾ ਬਰਨਾਲਾ ਦੀ ਸ਼ਿਕਾਇਤ ਉੱਤੇ 20,000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫਤਾਰ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਸਹਾਇਕ ਜੇ.ਈ ਵਲੋਂ ਪਿੰਡ ਸਤੌਜ ਵਿਖੇ ਉਸ ਦੀ ਭੈਣ ਦੇ ਘਰ ਨੇੜੇ ਬਿਜਲੀ ਦਾ ਨਵਾਂ ਟਰਾਂਸਫਾਰਮਰ ਲਗਾਉਣ ਬਦਲੇ 50, 000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਸਹਾਇਕ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਵਜੋਂ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

-------------